
# ਗੱਡੀਆਂ ਚੋਰੀ ਕਰਨ ਵਾਲੇ ਗਿਰੋਹ ਦੇ ਛੇ ਮੈਂਬਰਾਂ ਨੂੰ ਪੁਲਿਸ ਨੇ ਕੀਤਾ ਗ੍ਰਿਫਤਾਰ

ਟੋਰਾਂਟੋ, 7 ਸਤੰਬਰ (ਪੋਸਟ ਬਿਊਰੋ) : ਗ੍ਰੇਟਰ ਟੋਰਾਂਟੋ ਏਰੀਆ ਵਿੱਚ ਗੱਡੀਆ ਚੋਰੀ ਕਰਨ ਵਾਲੇ ਇੱਕ ਗਿਰੋਹ ਦਾ ਪੀਲ ਰੀਜਨਲ ਪੁਲਿਸ ਵੱਲੋਂ ਪਰਦਾਫਾਸ਼ ਕੀਤਾ ਗਿਆ ਹੈ। ਇਸ ਗਿਰੋਹ ਦੇ ਛੇ ਵਿਅਕਤੀਆਂ ਨੂੰ ਪੁਲਿਸ ਵੱਲੋਂ ਗ੍ਰਿਫਤਾਰ ਕੀਤਾ ਜਾ ਚੁੱਕਿਆ ਹੈ ਤੇ ਉਨ੍ਹਾਂ ਉੱਤੇ 40 ਚਾਰਜਿਜ਼ ਲਾਏ ਗਏ ਹਨ। ਅਜੇ ਪੁਲਿਸ ਨੂੰ ਦੋ ਹੋਰਨਾਂ ਮਸ਼ਕੂਕਾਂ ਦੀ ਭਾਲ ਹੈ।

ਵੀਰਵਾਰ ਨੂੰ ਪੁਲਿਸ ਨੇ ਆਖਿਆ ਕਿ ਪ੍ਰੋਜੈਕਟ ਵਿਨੀ ਸਤੰਬਰ 2022 ਵਿੱਚ ਸ਼ੁਰੂ ਕੀਤਾ ਗਿਆ ਸੀ। ਪੀਲ ਰੀਜਨ ਤੇ ਜੀਟੀਏ ਵਿੱਚ ਗੱਡੀਆਂ ਦੀਆਂ ਲਗਾਤਾਰ ਹੋ ਰਹੀਆਂ ਚੋਰੀਆਂ ਦੇ ਮੱਦੇਨਜ਼ਰ ਇੱਕ ਸਾਲ ਤੋਂ ਇਸ ਮਾਮਲੇ ਦੀ ਜਾਂਚ ਚੱਲ ਰਹੀ ਸੀ। ਜਾਂਚਕਾਰਾਂ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਕਿ ਚੋਰੀ ਕੀਤੀਆਂ ਗਈਆਂ ਕਈ ਗੱਡੀਆਂ ਨੂੰ ਸੋਧਣ ਤੋਂ ਬਾਅਦ ਉਨ੍ਹਾਂ ਨੂੰ ਜਾਅਲੀ ਤੌਰ ਉੱਤੇ ਮੁੜ ਰਜਿਸਟਰ ਕਰਵਾਇਆ ਗਿਆ ਤੇ ਗੈਰਕਾਨੂੰਨੀ ਤੌਰ ਉੱਤੇ ਇਹ ਗੱਡੀਆਂ ਲੋਕਾਂ ਨੂੰ ਵੇਚੀਆਂ ਗਈਆਂ। ਗੱਡੀਆਂ ਦੇ ਵਿਨ ਨੰਬਰ ਵੀ ਬਦਲ ਦਿੱਤੇ ਗਏ।




ਪੁਲਿਸ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਛੇ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਉਨ੍ਹਾਂ ਉੱਤੇ 42 ਚਾਰਜਿਜ਼ ਲਾਏ ਗਏ ਹਨ ਤੇ ਉਨ੍ਹਾਂ ਕੋਲੋਂ 1.95 ਮਿਲੀਅਨ ਡਾਲਰ ਮੁੱਲ ਦੀਆਂ 22 ਗੱਡੀਆਂ ਬਰਾਮਦ ਕੀਤੀਆਂ ਗਈਆਂ ਹਨ। ਇਨ੍ਹਾਂ ਗੱਡੀਆਂ ਵਿੱਚ 13 ਲੈਂਡ ਰੋਵਰਜ਼, ਦੋ ਪੋਰਸ਼, ਪੰਜ ਡੋਜ਼ ਰੈਮਜ਼, ਇੱਕ ਹੌਂਡਾ ਸੀਆਰਵੀ ਤੇ ਇੱਕ ਕੈਡੀਲੈਕ ਐਸਆਰਐਕਸ ਸ਼ਾਮਲ ਹਨ। ਡਿਪਟੀ ਚੀਫ ਮਾਰਕ ਐਂਡਰਿਊਜ਼ ਨੇ ਆਖਿਆ ਕਿ ਪੁਲਿਸ ਨੂੰ ਸ਼ੱਕ ਹੈ ਕਿ ਪੀਲ ਤੇ ਯੌਰਕ ਰੀਜਨ ਵਿੱਚ ਕੀਤੀਆਂ ਗਈਆਂ ਚੋਰੀਆਂ ਨੂੰ ਵੀ ਇਸ ਗਰੁੱਪ ਵੱਲੋਂ ਹੀ ਅੰਜਾਮ ਦਿੱਤਾ ਗਿਆ ਹੋਵੇਗਾ।

ਇਸ ਦੌਰਾਨ ਟੋਰਾਂਟੋ ਦੇ 27 ਸਾਲਾ ਰੌਬਰਟ ਰਾਮਨਰੀਨ, ਬਰੈਂਪਟਨ ਦੇ 32 ਸਾਲਾ ਗਜਨ ਕਰੁਣਾਨਿਥੀ, ਬਰੈਂਪਟਨ ਦੇ 23 ਸਾਲਾ ਰਿਆਜ਼ ਮੁਹੰਮਦ, ਮਿਸੀਸਾਗਾ ਦੇ 29 ਸਾਲਾ ਵੈਨ ਜਾਰਜ ਸੰਜੇਕਲੀ ਤੇ ਮਿਸੀਸਾਗਾ ਦੇ 25 ਸਾਲਾ ਹੈਪੀਸਾਨ ਸਿਵਾਸੇਗਰਨ, ਟੋਰਾਂਟੋ ਦੇ 36 ਸਾਲਾ ਓਨੇਲ ਰਿਕੈੱਟਸ ਨੂੰ ਗ੍ਰਿਫਤਾਰ ਕੀਤਾ ਗਿਆ ਹੈ।ਜਾਂਚਕਾਰਾਂ ਨੇ ਦੱਸਿਆ ਕਿ ਕੈਲਵਿਨ ਪੀਕੌਕ ਨਾਂ ਦੇ 39 ਸਾਲਾ ਵਿਅਕਤੀ ਦੀ ਪੁਲਿਸ ਨੂੰ ਅਜੇ ਭਾਲ ਹੈ। ਇੱਕ ਹੋਰ ਮਸ਼ਕੂਕ ਦੀ ਪਛਾਣ ਕਰਨ ਦੀ ਪੁਲਿਸ ਕੋਸ਼ਿਸ਼ ਕਰ ਰਹੀ ਹੈ।

## ਅੱਜ ਨਾਮਾ

ਭਾਜਪਾ ਵਿੱਚ ਕੁਝ ਗਏ ਸੀ ਕਾਂਗਰਸੀਏ,
ਅੱਗੇ ਓਧਰ ਵੀ ਲੱਗਣ ਨਹੀਂ ਪੈਰ ਬੇਲੀ।
ਪਹਿਲੇ ਲੀਡਰ ਵੀ ਮੱਥੇ'ਤੇ ਵੱਟ ਪਾਉਂਦੇ,
ਚੱਲ ਪਿਆ ਨਵਾਂ ਸੀ ਆਪਸੀ ਵੈਰ ਬੇਲੀ।
ਚੌਧਰ ਲੱਗੇ ਚਮਕਾਉਣ ਇਹ ਜਾ ਓਥੇ,
ਅਗਲੇ ਮੰਨ ਰਹੇ ਇਨ੍ਹਾਂ ਨੂੰ ਗੈਰ ਬੇਲੀ।
ਦਿੱਤਾ ਕੱਢ ਫਿਰ ਅਗਲਿਆਂ ਪਾਰਟੀ'ਚੋਂ,
ਮਿਲੀ ਨਮੋਸ਼ੀ ਤੇ ਪਈ ਨਹੀਂ ਖੈਰ ਬੇਲੀ।
ਪਿੱਛੇ ਮੁੜਨ ਨਾ ਓਧਰ ਹੀ ਰਹਿਣ ਜੋਗੇ,
ਬੇੜੀ ਫਸੀ ਪਈ ਅੱਧ-ਵਿਚਕਾਰ ਬੇਲੀ।
ਭੌਂਦੇ ਫਿਰਨ ਤਾਂ ਫੜੇ ਨਹੀਂ ਬਾਂਹ ਕੋਈ,
ਹੁੰਦੇ ਫਿਰਦੇ ਆ ਖੱਜਲ-ਖੁਆਰ ਬੇਲੀ।

**ਤੀਸ ਮਾਰ ਖਾਂ**

# ਚੋਣਾਂ ਵਿੱਚ ਵਿਦੇਸ਼ੀ ਦਖ਼ਲ ਦੇ ਮਾਮਲੇ ਵਿੱਚ ਜਨਤਕ ਜਾਂਚ ਵਾਸਤੇ ਫੈਡਰਲ ਸਰਕਾਰ ਨੂੰ ਲੱਭਿਆ ਜੱਜ

ਓਟਵਾ, 7 ਸਤੰਬਰ (ਪੋਸਟ ਬਿਊਰੋ) : ਕਈ ਮਹੀਨਿਆਂ ਦੀ ਜੱਦੋ ਜਹਿਦ ਤੋਂ ਬਾਅਦ ਫੈਡਰਲ ਸਰਕਾਰ ਨੂੰ ਚੋਣਾਂ ਦੇ ਮਾਮਲੇ ਵਿੱਚ ਵਿਦੇਸ਼ੀ ਦਖ਼ਲ ਸਬੰਧੀ ਜਨਤਕ ਜਾਂਚ ਕਰਵਾਉਣ ਲਈ ਆਖਿਰਕਾਰ ਇੱਕ ਜੱਜ ਲੱਭ ਹੀ ਗਿਆ।

ਸਰਕਾਰੀ ਸੂਤਰਾਂ ਅਨੁਸਾਰ ਕਿਊਬਿਕ ਕੋਰਟ ਆਫ ਅਪੀਲ ਦੀ ਜੱਜ ਮੈਰੀ ਜੋਸੀ ਹੋਗ ਇਸ ਜਾਂਚ ਦੀ ਅਗਵਾਈ ਕਰੇਗੀ। ਇਸ ਦੌਰਾਨ ਚੀਨ ਤੋਂ ਇਲਾਵਾ ਹੋਰਨਾਂ ਮੁਲਕਾਂ ਵੱਲੋਂ ਕੀਤੀ ਜਾਣ ਵਾਲੀ ਦਖ਼ਲਅੰਦਾਜ਼ੀ ਦੇ ਪੱਖ ਨੂੰ



ਵੀ ਫਰੋਲਿਆ ਜਾਵੇਗਾ।ਪਬਲਿਕ ਸੇਫਟੀ, ਡੈਮੋਕ੍ਰੈਟਿਕ ਇੰਸਟੀਚਿਊਸ਼ਨਜ਼ ਤੇ ਇੰਟਰਗਵਰਮੈਂਟਲ ਅਫੇਅਰਜ਼ ਡੌਮੀਨਿਕ ਲੀਬਲਾਂਕ ਵੱਲੋਂ ਇਸ ਸਬੰਧੀ ਨਿਯਮਾਂ ਤੇ ਟਾਈਮਲਾਈਨ ਬਾਰੇ ਜਾਂਚ ਵੀਰਵਾਰ ਨੂੰ ਕੀਤੀ ਜਾਵੇਗੀ।

ਇਹ ਫੈਸਲਾ ਵੀ ਕਈ ਮਹੀਨਿਆਂ ਤੱਕ ਵਿਰੋਧੀ ਧਿਰਾਂ ਤੇ ਕੁੱਝ ਨੈਸ਼ਨਲ ਸਕਿਊਰਿਟੀ ਸਟੇਕਹੋਲਡਰਜ਼ ਵੱਲੋਂ ਜਨਤਕ ਜਾਂਚ ਕਰਵਾਉਣ ਲਈ ਕੀਤੀ ਜਾ ਰਹੀ ਮੰਗ ਤੋਂ ਬਾਅਦ ਆਇਆ ਹੈ। ਜ਼ਿਕਰਯੋਗ ਹੈ ਕਿ 2019 ਤੇ 2021 ਦੀਆਂ ਫੈਡਰਲ ਚੋਣਾਂ ਦਰਮਿਆਨ ਚੀਨ ਵੱਲੋਂ ਦਖ਼ਲਅੰਦਾਜ਼ੀ ਕਰਨ ਦੇ ਮਾਮਲੇ ਨੇ ਕਾਫੀ ਤੂਲ ਫੜ੍ਹਿਆ ਸੀ। ਇਸ ਤੋਂ ਪਹਿਲਾਂ ਮਾਮਲੇ ਦੀ ਜਾਂਚ ਲਈ ਡੇਵਿਡ ਜੌਹਨਸਟਨ ਨੂੰ ਸਪੈਸ਼ਲ ਰੈਪੋਰਟਰ ਨਿਯੁਕਤ ਕੀਤਾ ਗਿਆ ਸੀ ਪਰ ਇਸ ਦੀ ਚੁਫੇਰਿਓਂ ਨੁਕਤਾਚੀਨੀ ਹੋਣ ਤੋਂ ਬਾਅਦ ਜੌਹਨਸਟਨ ਨੂੰ ਅਸਤੀਫਾ ਦੇਣਾ ਪਿਆ।

# ਬੱਚੇ ਤੇ ਦੋ ਬਾਲਗਾਂ ਨੂੰ ਜ਼ਖ਼ਮੀ ਕਰਨ ਵਾਲੇ ਗੋਲੀਕਾਂਡ ਦੀ ਜਾਂਚ ਕਰ ਰਹੀ ਹੈ ਪੁਲਿਸ

ਟੋਰਾਂਟੋ, 7 ਸਤੰਬਰ (ਪੋਸਟ ਬਿਊਰੋ) : ਸੇਂਟ ਲਾਅਰੈਂਸ ਮਾਰਕਿਟ ਦੇ ਨੇੜੇ ਅੰਡਰਗ੍ਰਾਊਂਡ ਪਾਰਕਿੰਗ ਗੈਰਾਜ ਵਿੱਚ ਗੋਲੀਆਂ ਚਲਾ ਕੇ ਇੱਕ ਬੱਚੇ ਤੇ ਦੋ ਬਾਲਗਾਂ ਨੂੰ ਜ਼ਖ਼ਮੀ ਕਰਨ ਵਾਲੇ ਮਸ਼ਕੂਕਾਂ ਦੀ ਪੁਲਿਸ ਭਾਲ ਕਰ ਰਹੀ ਹੈ। ਇਸ ਸੂਟਿੰਗ ਬਾਰੇ ਪੁਲਿਸ ਲੋਕਾਂ ਤੋਂ ਵੀ ਜਾਣਕਾਰੀ ਹਾਸਲ ਕਰ ਰਹੀ ਹੈ।

12 ਅਗਸਤ ਨੂੰ ਪੁਲਿਸ ਨੂੰ ਸ਼ਾਮੀਂ 6:00 ਵਜੇ ਦੇ ਨੇੜੇ ਤੇੜੇ ਦ ਐਸਪਲਾਨੇਡ ਤੇ ਪ੍ਰਿੰਸੈੱਸ ਸਟਰੀਟ



ਏਰੀਆ ਵਿੱਚ ਸੂਟਿੰਗ ਦੀਆਂ ਰਿਪੋਰਟਾਂ ਮਿਲੀਆਂ। ਮੌਕੇ ਉੱਤੇ ਪੁਲਿਸ ਨੂੰ ਤਿੰਨ ਵਿਅਕਤੀ ਗੋਲੀਆਂ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲੇ। ਪ੍ਰਾਪਤ ਜਾਣਕਾਰੀ ਅਨੁਸਾਰ ਮਸ਼ਕੂਕ ਅੰਡਰਗ੍ਰਾਊਂਡ ਪਾਰਕਿੰਗ ਗੈਰਾਜ ਵਿੱਚ ਗੱਡੀ ਲੈ ਗਏ ਤੇ ਉਨ੍ਹਾਂ ਕਈ ਵਾਰੀ ਗੋਲੀਆਂ ਚਲਾਈਆਂ।ਇਹ ਗੋਲੀਆਂ ਦੂਜੀ ਕਾਰ ਵਿੱਚ ਮੌਜੂਦ ਦੋ ਬਾਲਗਾਂ ਤੇ ਇੱਕ ਬੱਚੇ ਨੂੰ ਲੱਗੀਆਂ।

ਉਸ ਸਮੇਂ ਪੁਲਿਸ ਨੇ ਦੱਸਿਆ ਕਿ ਦੋ ਪੁਰਸ਼ਾਂ ਜਿਨ੍ਹਾਂ ਵਿੱਚੋਂ ਇੱਕ ਦੀ ਉਮਰ 50ਵਿਆਂ ਤੇ ਦੂਜੇ ਦੀ 80ਵਿਆਂ ਵਿੱਚ ਸੀ, ਨੂੰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਪਰ ਪੁਲਿਸ ਨੇ ਬਾਅਦ ਵਿੱਚ ਆਖਿਆ ਕਿ ਦੋਵਾਂ ਦੀ ਹਾਲਤ ਸਥਿਰ ਹੈ। ਇੱਕ ਪੰਜ ਸਾਲ ਤੋਂ ਘੱਟ ਉਮਰ ਦੇ ਬੱਚੇ ਨੂੰ ਵੀ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਵੀਰਵਾਰ ਨੂੰ ਜਾਰੀ ਕੀਤੀ ਗਈ ਅਪਡੇਟ ਵਿੱਚ ਪੁਲਿਸ ਨੇ ਆਖਿਆ ਕਿ ਮਸ਼ਕੂਕ ਗ੍ਰੇਅ ਰੰਗ ਦੀ 2019 ਮਾਡਲ ਦੀ ਹੌਂਡਾ ਸਿਵਿਕ ਵਿੱਚ ਫਰਾਰ ਹੋਏ। ਇਸ ਗੱਡੀ ਦੇ 11 ਜੁਲਾਈ ਨੂੰ ਬਰੈਂਪਟਨ ਤੋਂ ਚੋਰੀ ਹੋਣ ਦੀ ਖਬਰ ਲਿਖਵਾਈ ਗਈ ਸੀ। ਗੱਡੀ ਇੱਕ ਮਹੀਨੇ ਬਾਅਦ 14 ਅਗਸਤ ਨੂੰ ਬਰਾਮਦ ਹੋਈ।

ਇਹ ਸੂਟਿੰਗ ਪੂਰਾ ਸੋਚ ਸਮਝ ਕੇ ਨਿਸ਼ਾਨਾ ਬਣਾ ਕੇ ਕੀਤੀ ਗਈ। ਪਰ ਅਜੇ ਤੱਕ ਕਿਸੇ ਮਸ਼ਕੂਕ ਦਾ ਵੇਰਵਾ ਜਾਰੀ ਨਹੀਂ ਕੀਤਾ ਗਿਆ ਹੈ।





















# ਇਤਿਹਾਸਕਾਰ ਪ੍ਰੋ. ਪਿਰਥੀਪਾਲ ਸਿੰਘ ਕਪੂਰ ਹੋਏ ਸੁਰਗਵਾਸ



ਲੁਧਿਆਣਾ, 7 ਸਤੰਬਰ (ਪੋਸਟ ਬਿਊਰੋ): ਸਿਰਕੱਢ ਇਤਿਹਾਸਕਾਰ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਾਬਕਾ ਪਰੋ ਵਾਈਸ ਚਾਂਸਲਰ ਪ੍ਰੋ. ਪਿਰਥੀਪਾਲ ਸਿੰਘ ਦਾ ਅੱਜ ਦੁਪਹਿਰੇ ਲੁਧਿਆਣਾ ਵਿੱਚ ਦੇਹਾਂਤ ਹੋ ਗਿਆ ਹੈ। ਉਹ ਲਗਪਗ 90 ਸਾਲ ਦੇ ਸਨ।

ਪ੍ਰੋ. ਕਪੂਰ ਨੇ ਆਪਣਾ ਵਿਦਿਅਕ ਸਫ਼ਰ ਰਾਮਗੜ੍ਹੀਆ ਕਾਲਿਜ ਫਗਵਾੜਾ ਵਿੱਚ ਪੜ੍ਹਾਉਣ ਤੋਂ ਆਰੰਭਿਆ ਤੇ ਉਸ ਤੋਂ ਬਾਦ ਲਾਇਲਪੁਰ ਖਾਲਸਾ ਕਾਲਿਜ ਜਲੰਧਰ ਵਿੱਚ ਇਤਿਹਾਸ ਦੇ ਪ੍ਰੋਫੈਸਰ ਬਣੇ। ਉਹ ਗੁਰੂ ਨਾਨਕ ਨਵਭਾਰਤ ਕਾਲਿਜ ਨਰੂੜ ਪਾਂਛਟਾ(ਜਲੰਧਰ) ਤੇ ਜੀ ਜੀ ਐੱਨ ਖਾਲਸਾ ਕਾਲਿਜ ਲੁਧਿਆਣਾ ਦੇ ਵੀ ਪ੍ਰਿੰਸੀਪਲ ਰਹੇ।

ਪੰਜਾਬ ਸਟੇਟ ਯੂਨੀਵਰਸਿਟੀ ਟੈਕਸਟ ਬੁੱਕ ਬੋਰਡ ਦੇ ਵੀ ਆਪ ਡਾਇਰੈਕਟਰ ਰਹੇ। ਉਹ ਗੁਜਰਾਂਵਾਲਾ ਗੁਰੂ ਨਾਨਕ ਐਜੂਕੇਸ਼ਨ ਕੌਂਸਲ ਲੁਧਿਆਣਾ ਦੇ ਵੀ ਪ੍ਰਧਾਨ ਰਹੇ। ਪ੍ਰੋ. ਕਪੂਰ ਦਾ ਅੰਤਿਮ ਸੰਸਕਾਰ 8ਸਤੰਬਰ ਨੂੰ ਹੀ ਭਾਈ ਰਣਧੀਰ ਸਿੰਘ ਨਗਰ ਸ਼ਮਸ਼ਾਨਘਾਟ(ਸੁਨੇਤ) ਵਿੱਚ ਸ਼ਾਮੀਂ ਪੰਜ ਵਜੇ ਹੋਵੇਗਾ।

ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਪ੍ਰੋ. ਪਿਰਥੀਪਾਲ ਸਿੰਘ ਕਪੂਰ ਦੇ ਦੇਹਾਂਤ ਤੇ ਡੂੰਘੇ ਅਫ਼ਸੋਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਹੈ ਕਿ ਉਨ੍ਹਾਂ ਦੀ ਮੌਤ ਨਾਲ ਪੰਜਾਬ ਇਤਿਹਾਸ ਦੇ ਟਕਸਾਲੀ ਗਿਆਤਾ ਤੋਂ ਸੱਖਣਾ ਹੋ ਗਿਆ ਹੈ। ਸ. ਜੱਸਾ ਸਿੰਘ ਰਾਮਗੜ੍ਹੀਆ ਤੇ ਮਾਸਟਰ ਤਾਰਾ ਸਿੰਘ ਦੀ ਜੀਵਨੀ ਤੋਂ ਇਲਾਵਾ ਉਨ੍ਹਾਂ ਨੇ ਸਿੱਖ ਇਤਿਹਾਸ ਤੇ ਅਕਾਲੀ ਰਾਜਨੀਤੀ ਬਾਰੇ ਵੀ ਕਈ ਮੁੱਲਵਾਨ ਕਿਤਾਬਾਂ ਲਿਖੀਆਂ। ਉਹ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਿੱਖ ਐਨਸਾਈਕਲੋਪੀਡੀਆ ਦੇ ਵੀ ਮੁੱਖ ਸੰਪਾਦਕ ਵਜੋਂ ਕਾਰਜਸ਼ੀਲ ਰਹੇ। ਉਹ ਪੰਜਾਬੀ ਸਾਹਿੱਤ ਅਕਾਡਮੀ ਤੋਂ ਇਲਾਵਾ ਕਈ ਹੋਰ ਪ੍ਰਮੁੱਖ ਸੰਸਥਾਵਾਂ ਦੇ ਜੀਵਨ ਮੈਂਬਰ ਸਨ।

## ਮੁੱਖ ਮੰਤਰੀ ਮਾਨ ਨੇ ਪ੍ਰੋ. ਪ੍ਰਿਥੀਪਾਲ ਸਿੰਘ ਕਪੂਰ ਦੇ ਦੇਹਾਂਤ 'ਤੇ ਪ੍ਰਗਟਾਇਆ ਅਫਸੋਸ



ਚੰਡੀਗੜ੍ਹ, 7 ਸਤੰਬਰ (ਪੋਸਟ ਬਿਊਰੋ): ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਾਬਕਾ ਵਾਈਸ ਚਾਂਸਲਰ ਤੇ ਇਤਿਹਾਸਕਾਰ ਤੇ ਪ੍ਰੋ. ਪ੍ਰਿਥੀਪਾਲ ਸਿੰਘ ਦਾ ਅੱਜ ਦੁਪਹਿਰੇ ਲੁਧਿਆਣਾ ਵਿੱਚ ਦੇਹਾਂਤ ਹੋ ਗਿਆ ਹੈ। ਉਹ ਲਗਪਗ 90 ਸਾਲ ਦੇ ਸਨ। ਉਨ੍ਹਾਂ ਅੰਤਿਮ ਸੰਸਕਾਰ 8 ਸਤੰਬਰ ਨੂੰ ਭਾਈ ਰਣਧੀਰ ਸਿੰਘ ਨਗਰ ਸ਼ਮਸ਼ਾਨਘਾਟ ਵਿੱਚ ਸ਼ਾਮੀਂ ਪੰਜ ਵਜੇ ਹੋਵੇਗਾ। ਉਨ੍ਹਾਂ ਦੇ ਦੇਹਾਂਤ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

ਮੁੱਖ ਮੰਤਰੀ ਭਗਵੰਤ ਮਾਨ ਨੇ ਟਵੀਟ ਕੀਤਾ ਕਿ ਪੰਜਾਬੀ ਮਾਂ ਬੋਲੀ ਦੇ ਪ੍ਰਸਿੱਧ ਇਤਿਹਾਸਕਾਰ ਪ੍ਰੋਫੈਸਰ ਪ੍ਰਿਥੀਪਾਲ ਸਿੰਘ ਕਪੂਰ ਜੀ ਦੇ ਅਕਾਲ ਚਲਾਣੇ ਬਾਰੇ ਸੁਣ ਕੇ ਦੁੱਖ ਹੋਇਆ ਹੈ। ਉਹਨਾਂ ਨੇ ਕਿਹਾ ਕਿ ਪੰਜਾਬ ਤੇ ਸਿੱਖ ਕੌਮ ਦਾ ਵਿਲੱਖਣ ਇਤਿਹਾਸ ਕਪੂਰ ਸਾਬ੍ਹ ਨੇ ਆਪਣੀ ਕਲਮ ਰਾਹੀਂ ਅਨੇਕਾਂ ਕਿਤਾਬਾਂ 'ਚ ਕਲਮਬੱਧ ਕੀਤਾ ਹੈ। ਪਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਵਿੱਛੜੀ ਰੂਹ ਨੂੰ ਚਰਨਾਂ ਵਿਚ ਥਾਂ ਦੇਣ ਤੇ ਪਰਿਵਾਰ ਸਮੇਤ ਸਨੇਹੀਆਂ ਨੂੰ ਭਾਣਾ ਮੰਨਣ ਦਾ ਬਲ਼ ਬਖ਼ਸ਼ਣ।

## ਪਾਕਿਸਤਾਨ ਤੋਂ 50 ਕਿਲੋ ਹੈਰੋਇਨ ਦੀ ਖੇਪ ਪ੍ਰਾਪਤ ਕਰਨ ਵਾਲਾ ਪੰਜਾਬ ਪੁਲਿਸ ਨੇ ਕੀਤਾ ਗ੍ਰਿਫਤਾਰ, 9 ਕਿਲੋ ਹੈਰੋਇਨ ਬਰਾਮਦ

### ਪੰਜਾਬ ਪੁਲਿਸ ਨੇ ਹੈਰੋਇਨ ਦੀ 50 ਕਿਲੋ ਖੇਪ ਵਿੱਚੋਂ 31.5 ਕਿਲੋ ਹੈਰੋਇਨ ਕੀਤੀ ਬਰਾਮਦ : ਡੀਜੀਪੀ

ਚੰਡੀਗੜ੍ਹ, 7 ਸਤੰਬਰ (ਗਿਆਨ ਸਿੰਘ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ 'ਤੇ ਨਸ਼ਿਆਂ ਵਿਰੁੱਧ ਵਿੱਢੀ ਜੰਗ ਤਹਿਤ ਜਲੰਧਰ ਦਿਹਾਤੀ ਪੁਲਿਸ ਨੇ ਪਾਕਿਸਤਾਨ ਤੋਂ 50 ਕਿਲੋ ਹੈਰੋਇਨ ਦੀ ਖੇਪ ਲਿਆਉਣ ਲਈ ਤਿੰਨ ਤੈਰਾਕਾਂ ਨੂੰ ਭੇਜਣ ਵਾਲੇ ਵੱਡੇ ਤਸਕਰ ਮਲਕੀਅਤ ਸਿੰਘ ਉਰਫ਼ ਕਾਲੀ ਨੂੰ ਗ੍ਰਿਫ਼ਤਾਰ ਕਰਕੇ ਵੱਡੀ ਸਫਲਤਾ ਦਰਜ ਕੀਤੀ ਹੈ।

ਇਹ ਜਾਣਕਾਰੀ ਦਿੰਦਿਆਂ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਵੀਰਵਾਰ ਨੂੰ ਇੱਥੇ ਦੱਸਿਆ ਕਿ ਪੁਲਿਸ ਟੀਮਾਂ ਨੇ ਕਾਲੀ ਕੋਲੋਂ 50 ਕਿਲੋ ਹੈਰੋਇਨ ਦੀ ਖੇਪ ਵਿੱਚੋਂ 9 ਕਿਲੋ ਹੋਰ ਹੈਰੋਇਨ ਵੀ ਜ਼ਬਤ ਕੀਤੀ ਹੈ। ਉਹਨਾਂ ਅੱਗੇ ਦੱਸਿਆ ਕਿ ਪੰਜਾਬ ਪੁਲਿਸ ਵੱਲੋਂ ਇਸ ਖੇਪ ਵਿਚੋਂ 22.5 ਕਿਲੋ ਹੈਰੋਇਨ ਪਹਿਲਾਂ ਹੀ ਬਰਾਮਦ ਕੀਤੀ ਜਾ ਚੁੱਕੀ ਹੈ, ਜਿਸ ਨਾਲ ਹੁਣ ਕੁੱਲ ਬਰਾਮਦਗੀ 31.5 ਕਿਲੋ ਹੋ ਗਈ ਹੈ।

ਇਹ ਕਾਰਵਾਈ , ਜਲੰਧਰ ਦਿਹਾਤੀ ਪੁਲਿਸ ਵੱਲੋਂ, ਹੈਰੋਇਨ ਦੀ ਖੇਪ ਹਾਸਲ ਕਰਨ ਲਈ ਤੈਰ ਕੇ ਪਾਕਿਸਤਾਨ ਦੇ ਅਧਿਕਾਰ ਖੇਤਰ ਵਿੱਚ ਜਾਣ ਵਾਲੇ ਨਸ਼ਾ ਤਸਕਰ ਜੋਗਾ ਸਿੰਘ , ਜਿਸ ਕੋਲੋਂ 8 ਕਿਲੋਂ ਹੈਰੋਇਨ ਬਰਾਮਦ ਹੋਈ ਸੀ, ਦੀ ਗ੍ਰਿਫਤਾਰੀ ਤੋਂ ਇੱਕ ਮਹੀਨੇ ਤੋਂ ਵੀ ਘੱਟ ਸਮੇਂ ਅੰਦਰ ਅਮਲ 'ਚ ਲਿਆਂਦੀ ਗਈ ਹੈ । ਇਸ ਤੋਂ ਪਹਿਲਾਂ, ਐਸਐਓਸੀ ਅੰਮ੍ਰਿਤਸਰ ਨੇ ਸ਼ਿੰਦਰ ਸਿੰਘ ਵਜੋਂ ਜਾਣੇ ਨਸ਼ਾ ਤਸਕਰ ਨੂੰ ਗ੍ਰਿਫਤਾਰ ਕੀਤਾ ਸੀ, ਜਿਸ ਕੋਲੋਂ 10 ਕਿਲੋ ਹੈਰੋਇਨ ਅਤੇ 1.5 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਸੀ। ਇਸ ਮਾਡਿਊਲ ਨਾਲ ਜੁੜੀ ਇੱਕ ਔਰਤ ਨਸ਼ਾ ਤਸਕਰ ਅਮਨਦੀਪ ਕੌਰ ਉਰਫ਼ ਦੀਪ ਭਾਈ ਨੂੰ ਵੀ 1 ਕਿਲੋ ਹੈਰੋਇਨ ਸਮੇਤ ਕਾਬੂ ਕੀਤਾ ਗਿਆ ਸੀ, ਜਦਕਿ ਇੱਕ ਹੋਰ ਨਸ਼ਾ ਤਸਕਰ ਸ਼ਿੰਦਰਪਾਲ ਉਰਫ਼ ਪੱਪੂ ਨੂੰ ਮਹਿਤਪੁਰ ਤੋਂ 500 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਸੀ।

ਡੀਜੀਪੀ ਗੌਰਵ ਯਾਦਵ ਨੇ, ਹੈਰੋਇਨ ਦੀ ਇਸ ਵੱਡੀ ਖੇਪ ਦੀ ਬਰਾਮਦਗੀ ਨੂੰ ਪੰਜਾਬ ਪੁਲਿਸ ਵੱਲੋਂ ਕੀਤੀ ਜਾ ਰਹੀ ਨਿਰੰਤਰ ਤਫ਼ਤੀਸ਼ ਤੇ ਮੁਸਤੈਦੀ ਦਾ ਨਤੀਜਾ ਕਰਾਰ ਦਿੰਦੇ ਹੋਏ, ਕਿਹਾ ਕਿ ਇਸ ਕੇਸ ਸਬੰਧੀ ਅਗਲੀਆਂ-ਪਿਛਲੀਆਂ ਕੜੀਆਂ ਦੀ ਬਾਰੀਕਬੀਨੀ ਨਾਲ ਪੁਣਛਾਣਤੋਂ ਬਾਅਦ ਹੀ ਜਲੰਧਰ ਦਿਹਾਤੀ ਪੁਲਿਸ ਨੇ ਫਿਰੋਜ਼ਪੁਰ ਦੇ ਪਿੰਡ ਟੇਂਡੀਆਂ ਦੇ ਰਹਿਣ ਰਹਿਣ ਵਾਲੇ ਨਸ਼ਾ ਤਸਕਰ ਮਲਕੀਅਤ ਕਾਲੀ ਨੂੰ, ਗੋਰਾਇਆ ਨੇੜੇ ਬੋਪਾਰਾਏ ਨਹਿਰ ਦੇ ਪੁਲ ਤੋਂ ਮੋਢੇ 'ਚ ਪਾਏ ਥੱਲੇ 'ਚ ਲੁਕਾ ਰੱਖੀ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸਐਸਪੀ ਜਲੰਧਰ ਦਿਹਾਤੀ ਮੁਖਵਿੰਦਰ ਸਿੰਘ ਭੁੱਲਰ ਨੇ ਦੱਸਿਆ ਕਿ ਮੁਲਜ਼ਮ ਮਲਕੀਅਤ ਕਾਲੀ ਨੇ ਖੁਲਾਸਾ ਕੀਤਾ ਕਿ ਉਹ ਹੈਦਰ ਅਲੀ ਵਜੋਂ ਜਾਣੇ ਜਾਂਦੇ ਪਾਕਿ-ਸਤਾਨ ਸਥਿਤ ਨਸ਼ਾ ਤਸਕਰ ਦੇ ਲਗਾਤਾਰ ਸੰਪਰਕ ਵਿੱਚ ਸੀ, ਜਿਸ ਨੇ ਹਵਾਲਾ ਰਾਹੀਂ ਪੈਸੇ ਦਾ ਲੈਣ -ਦੇਣ ਕਰਨ ਬਦਲੇ ਭਾਰਤ ਵਿੱਚ ਹੈਰੋਇਨ ਦੀ ਖੇਪ ਦੀ ਤਸਕਰੀ ਕਰਨ ਵਿੱਚ ਉਸਦੀ ਮਦਦ ਕੀਤੀ ਸੀ।

ਮਲਕੀਅਤ ਕਾਲੀ ਨੇ ਇਹ ਵੀ ਕਬੂਲਿਆ ਕਿ ਉਸਨੇ ਜੋਗਾ ਸਿੰਘ ਨੂੰ, ਦੋ ਹੋਰ ਵਿਅਕਤੀਆਂ ਨਾਲ , ਦਰਿਆਈ ਰਸਤੇ ਰਾਹੀਂ 50 ਕਿਲੋ ਹੈਰੋਇਨ ਦੀ ਖੇਪ ਲਿਆਉਣ ਲਈ ਪਾਕਿਸਤਾਨ ਭੇਜਿਆ ਸੀ, ਜੋ ਕਿ ਉਸਦੀ ਪਾਰਟੀ ਅਤੇ ਜੋਗਾ ਸਿੰਘ ਦੀ ਪਾਰਟੀ ਵਿਚਕਾਰ ਬਰਾਬਰ ਵੰਡਿਆ ਜਾਣਾ ਸੀ। ਓਹਨਾਂ ਕਿਹਾ ਕਿ ਹੋਰ ਜਾਂਚ ਜਾਰੀ ਹੈ ਅਤੇ ਪੁਲਿਸ ਟੀਮਾਂ ਇਸ ਮਾਡਿਊਲ ਵਿੱਚ ਸ਼ਾਮਲ ਬਾਕੀ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਨ ਲਈ ਛਾਪੇਮਾਰੀ ਕਰ ਰਹੀਆਂ ਹਨ।

### ਕੈਲੀਫੋਰਨੀਆ 'ਚ ਪਾਵਨ ਸਰੂਪਾਂ ਦੀ ਛਪਾਈ ਲਈ ਪ੍ਰੈੱਸ ਲਗਾਉਣ ਦਾ ਮਾਮਲਾ:

## ਐਡਵੋਕੇਟ ਧਾਮੀ ਦੀ ਅਗਵਾਈ 'ਚ ਜਲਦ ਅਮਰੀਕਾ ਜਾਵੇਗਾ ਸ਼੍ਰੋਮਣੀ ਕਮੇਟੀ ਦਾ ਵਫ਼ਦ

ਅੰਮ੍ਰਿਤਸਰ, 7 ਸਤੰਬਰ (ਗਿਆਨ ਸਿੰਘ): ਅਮਰੀਕਾ ਦੇ ਕੈਲੀਫੋਰਨੀਆ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਛਪਾਈ ਲਈ ਪ੍ਰੈੱਸ ਲਗਾਉਣ ਵਾਸਤੇ ਸ਼੍ਰੋਮਣੀ ਕਮੇਟੀ ਦਾ ਇਕ ਉੱਚ ਪੱਧਰੀ ਵਫ਼ਦ ਜਲਦ ਹੀ ਅਮਰੀਕਾ ਜਾਵੇਗਾ। ਇਸ ਵਫ਼ਦ ਦੀ ਅਗਵਾਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਕਰਨਗੇ। ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਬੀਤੇ ਦਿਨੀਂ ਕੈਲੀਫੋਰਨੀਆ ਦੇ ਸ਼ਹਿਰ ਟ੍ਰੇਸੀ ਵਿਖੇ ਇਹ ਪ੍ਰੈੱਸ ਲਗਾਉਣ ਦਾ ਫੈਸਲਾ ਕੀਤਾ ਗਿਆ ਹੈ। ਇਸ ਦੇ ਨਾਲ ਹੀ ਸ਼੍ਰੋਮਣੀ ਕਮੇਟੀ ਵੱਲੋਂ ਇਥੇ ਧਰਮ ਪ੍ਰਚਾਰ ਕੇਂਦਰ ਅਤੇ ਗੁਰਦੁ-ਆਰਾ ਸਾਹਿਬ ਸਥਾਪਤ ਕਰਨ ਦੀ ਵੀ ਯੋਜਨਾ ਹੈ। ਸ਼੍ਰੋਮਣੀ ਕਮੇਟੀ ਨੂੰ ਇਸ ਧਰਮ ਪ੍ਰਚਾਰ ਕੇਂਦਰ ਅਤੇ ਪ੍ਰੈੱਸ ਲਗਾਉਣ ਲਈ ਜਗ੍ਹਾ ਅਤੇ ਹੋਰ ਲੋੜੀਂਦੀ ਸਹਾਇਤਾ ਦੀ ਪੇਸ਼ਕਸ ਦੀਵਾਨ ਟੋਡਰਮਲ ਫਾਊਂਡੇਸ਼ਨ ਦੇ ਬਾਨੀ ਸਿੱਖ ਵਿਦਵਾਨ ਗਿਆਨ ਸਿੰਘ ਸੰਧੂ ਕੈਨੇਡਾ ਅਤੇ ਫਾਊਂਡੇਸ਼ਨ ਦੇ ਸਰਪ੍ਰਸਤ ਉੱਘੇ ਕਾਰੋਬਾਰੀ ਕਰਨੈਲ ਸਿੰਘ ਸੰਧੂ ਅਮਰੀਕਾ ਅਤੇ ਫਾਊਂਡੇਸ਼ਨ ਦੇ ਪੰਜਾਬ ਪ੍ਰਤੀਨਿਧ ਲਖਵਿੰਦਰ ਸਿੰਘ ਕਾਹਨਕੇ ਵੱਲੋਂ ਕੀਤੀ ਗਈ ਹੈ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਾਰੀ ਇਕ ਪ੍ਰੈੱਸ ਬਿਆਨ ਵਿਚ ਦੱਸਿਆ ਕਿ ਲੰਮੇ ਸਮੇਂ ਤੋਂ ਅਮਰੀਕਾ ਅਤੇ ਕੈਨੇਡਾ ਦੀਆਂ ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਵੱਡੀ ਮੰਗ ਕੀਤੀ ਜਾਂਦੀ ਰਹੀ ਹੈ, ਜਿਸ ਨੂੰ ਵੇਖਦਿਆਂ ਇਹ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕੈਲੀਫੋਰਨੀਆ ਦੇ ਟ੍ਰੇਸੀ 'ਚ ਸਥਾਪਤ ਕੀਤਾ ਜਾਣ ਵਾਲਾ ਸ਼੍ਰੋਮਣੀ ਕਮੇਟੀ ਦਾ ਕੇਂਦਰ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਛਪਾਈ ਹੀ ਨਹੀਂ ਕਰੇਗਾ, ਬਲਕਿ ਇਹ ਅਮਰੀਕਾ ਕੈਨੇਡਾ ਲਈ ਸ਼੍ਰੋਮਣੀ ਕਮੇਟੀ ਦੀ ਪ੍ਰਤੀਨਿਧਤਾ ਵੀ ਕਰੇਗਾ। ਇਹ ਕੇਂਦਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਵਿਚ ਕਾਰਜਸ਼ੀਲ ਹੋਵੇਗਾ, ਜਿਸ ਦੀ ਸੇਵਾ ਗਿਆਨ ਸਿੰਘ ਸੰਧੂ, ਕਰਨੈਲ ਸਿੰਘ ਸੰਧੂ, ਸਤਨਾਮ ਸਿੰਘ ਸੰਧੂ ਅਤੇ ਇਕਬਾਲ ਸਿੰਘ ਸੰਧੂ ਵੱਲੋਂ ਕਰਵਾਈ ਜਾਵੇਗੀ। ਪੰਜਾਬ 'ਚ ਸੰਸਥਾ ਨਾਲ ਇਸ ਦੇ ਤਾਲਮੇਲ ਲਈ ਦੀਵਾਨ ਟੋਡਰਮਲ ਵਿਰਾਸਤੀ ਫਾਊਂਡੇਸ਼ਨ ਦੇ ਨੁਮਾਇੰਦੇ ਲਖਵਿੰਦਰ ਸਿੰਘ ਕਾਹਨੇਕੇ ਸੇਵਾਵਾਂ ਨਿਭਾਉਣਗੇ। ਇਸ ਦੇ ਨਾਲ ਹੀ ਫਾਊਂਡੇਸ਼ਨ ਦੇ ਆਗੂ ਹਰਮੇਸ਼ ਸਿੰਘ ਯੂਐਸਏ ਦੀਆਂ ਵੀ ਸੇਵਾਵਾਂ ਅਹਿਮ ਰਹਿਣਗੀਆਂ।

ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਦੀ ਰੂਪ-ਰੇਖਾ ਤੈਅ ਕਰਨ ਅਤੇ ਹੋਰ ਲੋੜੀਂਦੀ ਕਾਰਵਾਈ ਲਈ ਸ਼੍ਰੋਮਣੀ ਕਮੇਟੀ ਦਾ ਵਫ਼ਦ ਜਲਦ ਹੀ ਅਮਰੀਕਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਵਫ਼ਦ ਵਿਚ ਉਨ੍ਹਾਂ (ਸ਼੍ਰੋਮਣੀ ਕਮੇਟੀ ਪ੍ਰਧਾਨ) ਸਮੇਤ ਮੈਂਬਰ ਅਤੇ ਅਧਿਕਾਰੀ ਸ਼ਾਮਲ ਹੋਣਗੇ। ਉਨ੍ਹਾਂ ਇਹ ਵੀ ਜਾਣਕਾਰੀ ਦਿੱਤੀ ਕਿ ਸ਼੍ਰੋਮਣੀ ਕਮੇਟੀ ਦਾ ਇਹ ਵਫ਼ਦ ਯੂਬਾ ਸਿਟੀ ਵਿਖੇ ਵੀ ਜਾਵੇਗਾ, ਜਿਥੇ ਪਹਿਲਾਂ ਤੋਂ ਹੀ ਧਰਮ ਪ੍ਰਚਾਰ ਕੇਂਦਰ ਸਥਾਪਤ ਕੀਤੇ ਜਾਣ ਦੀ ਕਾਰਵਾਈ ਚੱਲ ਰਹੀ ਹੈ।

## ਨੇਤਾਜੀ ਸੁਭਾਸ਼ ਚੰਦਰ ਬੋਸ ਦੇ ਪੋਤੇ ਨੇ ਭਾਜਪਾ ਤੋਂ ਦਿੱਤਾ ਅਸਤੀਫਾ

ਕੋਲਕਾਤਾ, 7 ਸਤੰਬਰ (ਪੋਸਟ ਬਿਊਰੋ): ਨੇਤਾਜੀ ਸੁਭਾਸ਼ ਚੰਦਰ ਬੋਸ ਦੇ ਪੋਤੇ ਚੰਦਰ ਬੋਸ ਨੇ ਬੁੱਧਵਾਰ ਭਾਰਤੀ ਜਨਤਾ ਪਾਰਟੀ (ਭਾਜਪਾ) ਤੋਂ ਅਸਤੀਫਾ ਦੇ ਦਿੱਤਾ ਅਤੇ ਕਿਹਾ ਕਿ ਪਾਰਟੀ ਨੇ ਨੇਤਾਜੀ ਦੇ ਵਿਜ਼ਨ ਨੂੰ ਅੱਗੇ ਵਧਾਉਣ ਦੇ ਆਪਣੇ ਵਾਅਦੇ ਪੂਰੇ ਨਹੀਂ ਕੀਤੇ। ਚੰਦਰ ਬੋਸ 2016 ਵਿਚ ਭਾਜਪਾ ਵਿਚ ਸ਼ਾਮਲ ਹੋਏ ਸਨ । ਉਹ ਭਾਜਪਾ ਦੀ ਟਿਕਟ 'ਤੇ 2016 'ਚ ਵਿਧਾਨ ਸਭਾ ਅਤੇ 2019 'ਚ ਲੋਕ ਸਭਾ ਦੀ ਚੋਣ ਲੜੀ ਸੀ। ਉਨ੍ਹਾਂ ਕਿਹਾ ਕਿ ਜਦੋਂ ਮੈਂ ਭਾਜਪਾ 'ਚ ਸ਼ਾਮਿਲ ਹੋਇਆ ਤਾਂ ਮੇਰੇ ਨਾਲ ਵਾਅਦਾ ਕੀਤਾ ਗਿਆ ਸੀ ਕਿ ਮੈਨੂੰ ਨੇਤਾਜੀ ਸੁਭਾਸ਼ ਚੰਦਰ ਬੋਸ ਅਤੇ ਸ਼ਰਤ ਚੰਦਰ ਬੋਸ ਦੀ ਵਿਚਾਰਧਾਰਾ ਦਾ ਪ੍ਰਚਾਰ ਕਰਨ ਦੀ ਇਜਾਜ਼ਤ ਦਿੱਤੀ ਜਾਵੇਗੀ ਪਰ ਅਜਿਹਾ ਕੁਝ ਨਹੀਂ ਹੋਇਆ।

ਬੋਸ ਨੂੰ 2016 'ਚ ਭਾਜਪਾ ਦੀ ਪੱਛਮੀ ਬੰਗਾਲ ਇਕਾਈ ਦਾ ਉੱਪ ਪ੍ਰਧਾਨ ਨਿਯੁਕਤ ਕੀਤਾ ਗਿਆ ਸੀ ਪਰ 2020 ਦੇ ਸੰਗਠਨ ਫੇਰਬਦਲ ਦੌਰਾਨ ਉਨ੍ਹਾਂ ਨੂੰ ਅਹੁਦੇ ਤੋਂ ਹਟਾ ਦਿੱਤਾ ਗਿਆ ਸੀ।

## ਬਾਜਵਾ ਨੇ 'ਆਪ' 'ਤੇ ਜਲੰਧਰ ਦੇ ਐੱਸ.ਐੱਚ.ਓ. ਵਿਰੁੱਧ ਕਾਰਵਾਈ ਵਿਚ ਦੇਰੀ ਕਰਨ ਦਾ ਦੋਸ਼ ਲਾਇਆ



ਚੰਡੀਗੜ੍ਹ, 7 ਸਤੰਬਰ (ਪੋਸਟ ਬਿਊਰੋ): ਪੰਜਾਬ ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਵੀਰਵਾਰ ਨੂੰ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ 'ਤੇ ਜਲੰਧਰ ਦੇ ਐੱਸ.ਐੱਚ.ਓ. ਨਵਦੀਪ ਸਿੰਘ ਅਤੇ ਉਸ ਦੇ ਦੋ ਸਾਥੀਆਂ ਵਿਰੁੱਧ ਕਾਰਵਾਈ ਕਰਨ ਵਿਚ ਢਿੱਲਾ ਰਵੱਈਆ ਅਪਣਾਉਣ ਦਾ ਦੋਸ਼ ਲਾਇਆ।

ਸੀਨੀਅਰ ਕਾਂਗਰਸੀ ਆਗੂ ਬਾਜਵਾ ਨੇ ਕਿਹਾ ਕਿ ਕਥਿਤ ਤੌਰ 'ਤੇ ਖ਼ੁਦਕੁਸ਼ੀ ਲਈ ਉਕਸਾਉਣ ਦੇ ਮਾਮਲੇ ਵਿਚ ਤਿੰਨੇ ਮੁਲਜ਼ਮ ਫ਼ਰਾਰ ਹਨ ਅਤੇ ਪੰਜਾਬ ਦੇ ਮੁੱਖ ਮੰਤਰੀ-ਕਮ-ਗ੍ਰਹਿ ਮੰਤਰੀ ਭਗਵੰਤ ਮਾਨ ਨੂੰ ਉਨ੍ਹਾਂ ਦੇ ਟਿਕਾਣੇ ਬਾਰੇ ਕੋਈ ਜਾਣਕਾਰੀ ਨਹੀਂ ਹੈ।

ਉਨ੍ਹਾਂ ਕਿਹਾ ਕਿ ਅਜਿਹੇ ਗੰਭੀਰ ਮੁੱਦੇ 'ਤੇ ਲਾਪਰਵਾਹੀ ਵਰਤਦੇ ਹੋਏ 'ਆਪ' ਸਰਕਾਰ ਨੇ 25 ਅਗਸਤ ਨੂੰ ਮੁਲਜ਼ਮ ਐੱਸ.ਐੱਚ.ਓ. ਦਾ ਤਬਾਦਲਾ ਪੁਲਸ ਲਾਈਨ ਵਿਚ ਕਰ ਦਿੱਤਾ। ਉਸ ਸਮੇਂ ਉਸ ਨੂੰ ਬਰਖ਼ਾਸਤ ਅਤੇ ਗ੍ਰਿਫਤਾਰ ਕਿਉਂ ਨਹੀਂ ਕੀਤਾ ਜਾ ਸਕਦਾ ਸੀ? ਬਾਜਵਾ ਨੇ ਕਿਹਾ ਕਿ 'ਆਪ' ਸਰਕਾਰ ਨੇ ਜਾਣਬੁੱਝ ਕੇ ਇਸ ਮੁੱਦੇ ਨੂੰ ਲੰਬੇ ਸਮੇਂ ਲਈ ਠੱਪ ਕਰ ਦਿੱਤਾ ਅਤੇ ਉਨ੍ਹਾਂ ਨੂੰ ਕਾਨੂੰਨੀ ਕਾਰਵਾਈ ਤੋਂ ਬਚਣ ਦਿੱਤਾ।

> 'ਆਪ' ਸਰਕਾਰ ਨੇ ਇਸ ਮੁੱਦੇ ਨੂੰ ਲੰਬੇ ਸਮੇਂ ਤੱਕ ਠੱਪ ਰੱਖਿਆ ਅਤੇ ਉਨ੍ਹਾਂ ਨੂੰ ਭੱਜਣ ਦਿੱਤਾ : ਵਿਰੋਧੀ ਧਿਰ ਦੇ ਨੇਤਾ

ਵਿਰੋਧੀ ਧਿਰ ਦੇ ਆਗੂ ਨੇ ਕਿਹਾ ਕਿ ਹੁਣ ਉਨ੍ਹਾਂ ਨੂੰ ਬਰਖ਼ਾਸਤ ਕਰਨਾ ਅਤੇ ਲੁੱਕ ਆਊਟ ਸਰਕੁਲਰ ਜਾਰੀ ਕਰਨਾ ਅਸਲ ਵਿਚ 'ਆਪ' ਸਰਕਾਰ ਵਲੋਂ ਕੀਤੀ ਗਈ ਦੇਰੀ ਵਾਲੀ ਕਾਰਵਾਈ ਹੈ। ਸਰਕਾਰ ਨੇ ਇਹ ਕਾਰਵਾਈ ਪੀੜਤ ਪਰਿਵਾਰ ਅਤੇ ਮੁੱਖ ਵਿਰੋਧੀ ਪਾਰਟੀ ਪੰਜਾਬ ਕਾਂਗਰਸ ਦੇ ਦਬਾਅ ਤੋਂ ਬਾਅਦ ਹੀ ਕੀਤੀ ਹੈ।

ਬਾਜਵਾ ਨੇ ਕਿਹਾ ਕਿ ਪ੍ਰਸ਼ਾਸਨ ਦੀ ਅਸੰਵੇਦਨਸ਼ੀਲਤਾ ਦਾ ਅੰਦਾਜ਼ਾ ਇਸ ਤੱਥ ਤੋਂ ਲਗਾਇਆ ਜਾ ਸਕਦਾ ਹੈ ਕਿ ਅਜੇ ਤੱਕ ਮਾਨਵਜੀਤ ਸਿੰਘ ਢਿੱਲੋਂ ਦੀ ਲਾਸ਼ ਦਾ ਪਤਾ ਲਗਾਉਣ ਲਈ ਕੋਈ ਕੋਸ਼ਿਸ਼ ਨਹੀਂ ਕੀਤੀ ਗਈ। ਪੰਜਾਬ ਦੇ ਮੁੱਖ ਮੰਤਰੀ ਨੂੰ ਦੱਸਣਾ ਚਾਹੀਦਾ ਹੈ ਕਿ ਕੀ ਉਨ੍ਹਾਂ ਨੇ ਪ੍ਰਸ਼ਾਸਨ ਨੂੰ ਪਹਿਲ ਦੇ ਆਧਾਰ 'ਤੇ ਉਸ ਦੀ ਲਾਸ਼ ਦਾ ਪਤਾ ਲਗਾਉਣ ਦੇ ਨਿਰਦੇਸ਼ ਦਿੱਤੇ ਸਨ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਪੰਜਾਬ ਦੇ ਟੈਕਸ ਭਰਨ ਵਾਲਿਆਂ ਦੇ ਪੈਸੇ ਦੀ ਕੀਮਤ 'ਤੇ 'ਆਪ' ਸੁਪਰੀਮੋ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨਾਲ ਜਹਾਜ਼ ਵਿਚ ਚੋਣ ਪ੍ਰਚਾਰ ਕਰਨ ਵਿਚ ਰੁੱਝੇ ਹੋਏ ਹਨ। ਬਾਜਵਾ ਨੇ ਕਿਹਾ ਕਿ ਪੰਜਾਬ ਦੇ ਲੋਕ ਉਨ੍ਹਾਂ ਲਈ ਸਭ ਤੋਂ ਘੱਟ ਤਰਜੀਹ ਹਨ।

Office: 416-654-1010

Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com







98 JOHN ST E
Bradford West Gwillimbury, Ontario L3Z1G4


A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5





A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8




**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0




Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8




Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO • HOME • TRUCK • BUSINESS • LIFE • MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# ਯੂਕਰੇਨੀ ਬੇਟੇ ਨੇ ਗੋਦ ਲੈਣ ਵਾਲੇ ਮਾਪਿਆਂ ਦਾ ਕੀਤਾ ਕਤਲ, 7 ਸਾਲ ਪਹਿਲਾਂ ਅਨਾਥ ਆਸ਼ਰਮ ਤੋਂ ਗੋਦ ਲਿਆ ਸੀ



ਉੱਤਰੀ ਪੋਰਟ (ਫਲੋਰੀਡਾ), 7 ਸਤੰਬਰ (ਪੋਸਟ ਬਿਊਰੋ): ਫਲੋਰੀਡਾ ਵਿਚ ਇੱਕ 21 ਸਾਲਾ ਯੂਕਰੇਨੀ ਲੜਕੇ ਨੇ ਆਪਣੇ ਅਮਰੀਕੀ ਮਾਪਿਆਂ ਦਾ ਕਤਲ ਕਰ ਦਿੱਤਾ। ਇਸ ਅਮਰੀਕੀ ਜੋੜੇ ਨੇ ਸੱਤ ਸਾਲ ਪਹਿਲਾਂ ਇਸ ਲੜਕੇ ਨੂੰ ਅਨਾਥ ਆਸ਼ਰਮ ਤੋਂ ਗੋਦ ਲਿਆ ਸੀ। ਮਾਤਾ-ਪਿਤਾ ਨੂੰ ਮਾਰਨ ਤੋਂ ਬਾਅਦ ਇਹ ਲੜਕਾ ਪਹਿਲਾਂ ਕਾਰ ਛੱਡ ਕੇ ਭੱਜਿਆ ਅਤੇ ਬਾਅਦ ਵਿਚ ਸੰਘਣੇ ਜੰਗਲ ਵਿਚ ਲੁਕ ਗਿਆ।

ਪੁਲਿਸ ਦੀ ਵਿਸ਼ੇਸ਼ ਟੀਮ ਨੇ 8 ਘੰਟੇ ਦੇ ਲੰਬੇ ਆਪ੍ਰੇਸ਼ਨ ਤੋਂ ਬਾਅਦ ਇਸ ਲੜਕੇ ਨੂੰ ਇਸ ਜੰਗਲ ਵਿਚੋਂ ਕਾਬੂ ਕੀਤਾ ਹੈ। ਹਾਲੇ ਤੱਕ ਇਹ ਸਪੱਸ਼ਟ ਨਹੀਂ ਹੋ ਸਕਿਆ ਹੈ ਕਿ ਮੁਲਜ਼ਮ ਨੇ ਆਪਣੇ ਮਾਤਾ-ਪਿਤਾ ਦੀ ਹੱਤਿਆ ਕਿਉਂ ਕੀਤੀ।

ਮੁਲਜ਼ਮ ਦਾ ਨਾਮ ਦੀਮਾ ਟਾਵਰ ਹੈ। ਸੱਤ ਸਾਲ ਪਹਿਲਾਂ, ਉਸ ਨੂੰ ਯੂਕਰੇਨ ਦੇ ਇੱਕ ਅਨਾਥ ਆਸ਼ਰਮ ਤੋਂ ਰੌਬੀ ਅਤੇ ਜੈਨੀਫਰ ਦੁਆਰਾ ਕਾਨੂੰਨੀ ਤੌਰ 'ਤੇ ਗੋਦ ਲਿਆ ਗਿਆ ਸੀ। ਜਾਣਕਾਰੀ ਮੁਤਾਬਕ ਜਦੋਂ ਦੀਮਾ ਯੂਕਰੇਨ ਵਿਚ ਸੀ ਤਾਂ ਉਸ ਦੀ ਮਾਂ ਦੀ ਮੌਤ ਹੋ ਚੁੱਕੀ ਸੀ। ਪਿਉ ਸ਼ਰਾਬੀ ਹੋ ਕੇ ਬਰਬਾਦ ਹੋ ਗਿਆ ਤੇ ਉਸ ਦਾ ਕੋਈ ਥਹੁ ਪਤਾ ਨਹੀਂ ਲੱਗਾ।

ਰੌਬੀ ਅਤੇ ਉਸਦੀ ਪਤਨੀ ਜੈਨੀਫਰ ਕਿਸੇ ਈਸਾਈ ਮਿਸ਼ਨ ਦੇ ਕੰਮ ਲਈ ਯੂਕਰੇਨ ਗਏ ਸਨ। ਉਸਦੇ ਬੱਚੇ ਨਹੀਂ ਸਨ। ਇਸ ਲਈ, ਉਨ੍ਹਾਂ ਨੇ 14 ਸਾਲਾ ਦੀਮਾ ਨੂੰ ਗੋਦ ਲਿਆ। ਇਸ ਤੋਂ ਬਾਅਦ ਉਹ ਉਸ ਨੂੰ ਫਲੋਰੀਡਾ ਲੈ ਆਏ। ਇੱਥੇ ਉਸ ਨੂੰ ਆਪਣੇ ਬੱਚੇ ਵਾਂਗ ਪਾਲਿਆ। ਰੌਬੀ ਅਤੇ ਜੈਨੀਫਰ ਵੀ ਰੀਅਲ ਅਸਟੇਟ ਦੇ ਕਾਰੋਬਾਰ ਨਾਲ ਜੁੜੇ ਹੋਏ ਸਨ। ਇਸ ਲਈ ਉਹ ਆਰਥਿਕ ਤੌਰ 'ਤੇ ਵੀ ਬਹੁਤ ਮਜ਼ਬੂਤ ਸਨ।

ਪੁਲਿਸ ਨੂੰ ਪਿਛਲੇ ਹਫ਼ਤੇ ਉੱਤਰੀ ਬੰਦਰਗਾਹ ਵਿੱਚ ਇੱਕ ਘਰ ਵਿੱਚ ਹਾਦਸੇ ਦੀ ਸੂਚਨਾ ਮਿਲੀ ਸੀ। ਇਸ ਤੋਂ ਬਾਅਦ ਪੁਲਸ ਟੀਮ ਨੇ ਉੱਥੇ ਜਾਂਚ ਕੀਤੀ ਤਾਂ ਫਰਸ਼ 'ਤੇ ਜੈਨੀਫਰ ਅਤੇ ਰੌਬੀ ਦੀਆਂ ਲਾਸ਼ਾਂ ਮਿਲੀਆਂ। ਦੋਵਾਂ ਦਾ ਤੇਜ਼ਧਾਰ ਹਥਿਆਰ ਨਾਲ ਗਲਾ ਵੱਢ ਕੇ ਕਤਲ ਕੀਤਾ ਗਿਆ।









## ਕੈਨੇਡੀਅਨ ਪੰਜਾਬੀ ਪੋਸਟ CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## Matrimonial
ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202

### ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

### ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ। ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

### ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4'' tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

### ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com
















# ਪੰਜਾਬ ਯੂਥ ਕਾਂਗਰਸ ਨੇ 'ਭਾਰਤ ਜੋੜੋ ਲੀਡਰਸ਼ਿਪ ਪ੍ਰੋਗਰਾਮ' ਦੀ ਸ਼ੁਰੂਆਤ ਕੀਤੀ : ਮਹਿੰਦਰਾ


**-ਯੂਥ ਕਾਂਗਰਸ 31 ਜਨਵਰੀ ਤੱਕ ਸੂਬਾ ਪੱਧਰੀ ਸਮਾਗਮ ਕਰੇਗੀ : ਅਜੈ ਛਿੱਕਰਾ**



ਚੰਡੀਗੜ੍ਹ, 7 ਸਤੰਬਰ (ਪੋਸਟ ਬਿਊਰੋ): ਪੰਜਾਬ ਯੂਥ ਕਾਂਗਰਸ ਨੇ ਭਾਰਤੀ ਯੂਥ ਕਾਂਗਰਸ ਦੇ ਸਹਿਯੋਗ ਨਾਲ ਅੱਜ ਚੰਡੀਗੜ੍ਹ ਵਿਚ 'ਭਾਰਤ ਜੋੜੋ ਲੀਡਰਸ਼ਿਪ ਪ੍ਰੋਗਰਾਮ' ਦੀ ਸ਼ੁਰੂਆਤ ਕੀਤੀ। ਇਸ ਪ੍ਰੋਗਰਾਮ ਨੂੰ ਪੰਜਾਬ ਦੇ ਨੌਜਵਾਨਾਂ ਲਈ ਵਧੀਆ ਪਲੇਟਫਾਰਮ ਦੱਸਦਿਆਂ ਮੋਹਿਤ ਮਹਿੰਦਰਾ, ਪ੍ਰਧਾਨ ਪੰਜਾਬ ਯੂਥ ਕਾਂਗਰਸ ਨੇ ਕਿਹਾ ਕਿ ਸਾਨੂੰ ਭਾਰਤ ਜੋੜੋ ਲੀਡਰਸ਼ਿਪ ਪ੍ਰੋਗਰਾਮ ਦਾ ਉਦਘਾਟਨ ਕਰ ਕੇ ਮਾਣ ਮਹਿਸੂਸ ਹੋ ਰਿਹਾ ਹੈ। ਇਹ ਦੂਰਅੰਦੇਸ਼ੀ ਪਹਿਲਕਦਮੀ, ਸਾਡੇ ਪਿਆਰੇ ਸੰਵਿਧਾਨਕ ਸਿਧਾਂਤਾਂ ਵਿਚ ਡੂੰਘੀਆਂ ਜੜ੍ਹਾਂ ਰੱਖਦੀ ਹੈ, ਸਾਡੇ ਦੇਸ਼ ਦੇ ਨੌਜਵਾਨਾਂ ਨੂੰ ਇੱਕਜੁੱਟ ਕਰਨ ਅਤੇ ਸਕਾਰਾਤਮਕ ਤਬਦੀਲੀ ਦੀ ਭਾਵਨਾ ਨੂੰ ਜਗਾਉਣ ਦੀ ਕੋਸ਼ਿਸ਼ ਕਰਦੀ ਹੈ। ਇਹ ਪ੍ਰੋਗਰਾਮ ਨੌਜਵਾਨਾਂ ਦੇ ਸਸ਼ਕਤੀਕਰਨ ਅਤੇ ਸਾਡੇ ਦੇਸ਼ ਦੀਆਂ ਜਮਹੂਰੀ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿਚ ਇੱਕ ਮਹੱਤਵਪੂਰਨ ਕਦਮ ਹੋਵੇਗਾ। ਭਾਰਤ ਜੋੜੋ ਲੀਡਰਸ਼ਿਪ ਪ੍ਰੋਗਰਾਮ ਦੇ ਜ਼ਰੀਏ, ਅਸੀਂ ਲੋਕਤੰਤਰ ਦੀ ਰੱਖਿਆ ਅਤੇ ਸੰਵਿਧਾਨ ਨੂੰ ਬਚਾਉਣ ਲਈ ਹਰ ਨੌਜਵਾਨ ਨੂੰ ਇੱਕ ਛਤਰੀ ਹੇਠ ਲਿਆਉਣ ਲਈ ਇੱਕ ਪਲੇਟਫਾਰਮ ਬਣਾਉਣਾ ਚਾਹੁੰਦੇ ਹਾਂ।" ਇਹ ਲੋਕ ਅਟੁੱਟ ਟੀਮਾਂ ਦਾ ਹਿੱਸਾ ਹੋਣਗੇ ਅਤੇ 2024 ਦੀਆਂ ਲੋਕ ਸਭਾ ਚੋਣਾਂ ਦੇ ਨਤੀਜਿਆਂ ਨੂੰ ਪ੍ਰਭਾਵਿਤ ਕਰਨ ਲਈ ਵੱਡੇ ਪੱਧਰ 'ਤੇ ਕੰਮ ਕਰਨਗੇ। ਉਸਨੇ ਰਾਜ ਅਤੇ ਰਾਸ਼ਟਰੀ ਪੱਧਰ 'ਤੇ 7 ਸਤੰਬਰ, 2023 ਤੋਂ 30 ਜਨਵਰੀ, 2024 ਤੱਕ ਨਿਯਤ ਕੀਤੇ ਜਾਣ ਵਾਲੇ ਪ੍ਰੋਗਰਾਮਾਂ ਅਤੇ ਪਹਿਲਕਦਮੀਆਂ ਦੀ ਰੂਪਰੇਖਾ ਵੀ ਦਿੱਤੀ। ਪਾਠਕਾਂ ਲਈ, ਭਾਰਤ ਜੋੜੋ ਲੀਡਰਸ਼ਿਪ ਪ੍ਰੋਗਰਾਮ ਭਾਰਤੀ ਯੂਥ ਕਾਂਗਰਸ ਦੀ ਇੱਕ ਨਵੀਂ ਪਹਿਲਕਦਮੀ ਹੈ ਜੋ ਉਨ੍ਹਾਂ ਨੌਜਵਾਨਾਂ ਨੂੰ ਆਕਰਸ਼ਿਤ ਕਰਨ ਲਈ ਤਿਆਰ ਕੀਤੀ ਗਈ ਹੈ ਜੋ ਆਉਣ ਵਾਲੀਆਂ 2024 ਦੀਆਂ ਲੋਕ ਸਭਾ ਚੋਣਾਂ ਵਿਚ ਸਰਗਰਮੀ ਨਾਲ ਹਿੱਸਾ ਲੈਣਾ ਚਾਹੁੰਦੇ ਹਨ। ਭਾਰਤ ਜੋੜੋ ਯਾਤਰਾ ਦੇ ਵਿਚਾਰ ਤੋਂ ਨਾਮ ਲੈਂਦਿਆਂ, ਪ੍ਰੋਗਰਾਮ, ਹਰ ਕਿਸਮ ਦੇ ਵਿਅਕਤੀਆਂ, ਯੂਥ ਕਾਂਗਰਸ ਦੇ ਮੈਂਬਰਾਂ ਅਤੇ ਪੇਸ਼ੇਵਰਾਂ ਦਾ ਸੁਆਗਤ ਕਰਦਾ ਹੈ ਜੋ ਆਉਣ ਵਾਲੇ ਸਮੇਂ ਵਿਚ ਲੀਡਰਸ਼ਿਪ ਦੀਆਂ ਭੂਮਿਕਾਵਾਂ ਨੂੰ ਚੁਣਨ ਲਈ ਖੁਦ ਨੂੰ ਗੂੰਜਣਾ ਚਾਹੁੰਦੇ ਹਨ। ਭਾਗੀਦਾਰ 6 ਤੋਂ 9 ਮਹੀਨਿਆਂ ਦੀ ਮਿਆਦ ਲਈ ਇਸ ਪ੍ਰੋਗਰਾਮ ਲਈ ਅਰਜ਼ੀ ਦੇ ਸਕਦੇ ਹਨ। ਪ੍ਰੋਗਰਾਮ ਲਈ ਅਰਜ਼ੀਆਂ ਰੋਲਿੰਗ ਆਧਾਰ 'ਤੇ ਸਵੀਕਾਰ ਕੀਤੀਆਂ ਜਾਂਦੀਆਂ ਹਨ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਯੂਥ ਕਾਂਗਰਸ ਦੇ ਇੰਚਾਰਜ ਅਜੈ ਛਿੱਕਰਾ ਨੇ ਕਿਹਾ ਕਿ ਭਾਰਤ ਜੋੜੋ ਯਾਤਰਾ ਸਾਡੇ ਸੰਦੇਸ਼ ਨੂੰ ਦੇਸ਼ ਦੇ ਹਰ ਕੋਨੇ ਤੱਕ ਪਹੁੰਚਾਉਣ, ਭਾਰਤ ਨੂੰ ਇਕਜੁੱਟ ਕਰਨ ਅਤੇ ਸਾਡੇ ਦੇਸ਼ ਦੀ ਜਿੱਤ ਨੂੰ ਯਕੀਨੀ ਬਣਾਉਣ ਲਈ ਸਮਰਪਿਤ ਹੈ। ਇਸੇ ਲਾਈਨ 'ਤੇ, ਅਸੀਂ ਇੱਕ ਲੀਡਰਸ਼ਿਪ ਪ੍ਰੋਗਰਾਮ ਪੇਸ਼ ਕੀਤਾ ਹੈ ਜਿਸ ਨੂੰ ਇਸ ਦੇਸ਼ ਦੇ ਨੌਜਵਾਨਾਂ ਲਈ ਭਾਰਤ ਜੋੜੋ ਲੀਡਰਸ਼ਿਪ ਪ੍ਰੋਗਰਾਮ ਕਿਹਾ ਜਾਂਦਾ ਹੈ ਜੋ ਲੋਕਤੰਤਰ ਅਤੇ ਸੰਵਿਧਾਨ ਦੀ ਰੱਖਿਆ ਕਰਨਾ ਚਾਹੁੰਦੇ ਹਨ। ਉਨ੍ਹਾਂ ਇਹ ਵੀ ਟਿੱਪਣੀ ਕੀਤੀ ਕਿ ਭਾਰਤ ਜੋੜੋ ਯਾਤਰਾ ਦੌਰਾਨ ਰਾਹੁਲ ਗਾਂਧੀ ਨੇ ਆਪਣੇ ਸੰਦੇਸ਼ 'ਮੈਂ ਨਫ਼ਰਤ ਦੇ ਬਾਜ਼ਾਰ ਵਿਚ ਪਿਆਰ ਦੀ ਦੁਕਾਨ ਖੋਲ੍ਹ ਰਿਹਾ ਹਾਂ' ਦੇ ਨਾਲ ਵੰਡ ਦੀ ਰਾਜਨੀਤੀ ਦਾ ਪ੍ਰਭਾਵਸ਼ਾਲੀ ਢੰਗ ਨਾਲ ਮੁਕਾਬਲਾ ਕੀਤਾ ਹੈ। ਸਾਡਾ ਧਿਆਨ ਸਥਿਰ ਰਹਿੰਦਾ ਹੈ। ਅਣਥੱਕ ਕੰਮ ਕਰਨਾ, ਭਾਵੇਂ ਸੰਸਦ ਦੇ ਅੰਦਰ ਜਾਂ ਸੜਕਾਂ 'ਤੇ, ਇਹ ਯਕੀਨੀ ਬਣਾਉਣ ਲਈ ਕਿ ਹਰੇਕ ਵਿਅਕਤੀ ਦੇ ਅਧਿਕਾਰਾਂ ਦੀ ਰੱਖਿਆ ਕੀਤੀ ਜਾਵੇ ਅਤੇ ਸਾਡੀ ਸਾਂਝੀ ਸੱਭਿਆਚਾਰਕ ਵਿਰਾਸਤ ਵਿਚ ਉਨ੍ਹਾਂ ਦੀ ਹਿੱਸੇਦਾਰੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਦੇਸ਼ ਦੇ ਨੌਜਵਾਨ ਕਈ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਹਨ।










LOCAL & LONG DISTANCE MOVING
H.K. MOVERS
VANCOUVER - CALGARY - EDMONTON - WINNIPEG - TORONTO - OTTAWA - MONTREAL
CANADA'S MOVING COMPANY
H.K. MOVERS
LOCAL & LONG DISTANCE
416-524-6704
WELCOME TO ALBERTA
WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS
Best Business of 2023
ThreeBest Rated
Excellence
Call: 416.524.6704
www.hkmovers.ca
2023
ThreeBest Rated
Certificate OF EXCELLENCE
THREE BEST RATED
SAFE, RELIABLE AND EFFICIENT SERVICE AT THE BEST RATES


ASIAN FOOD CENTRE
Rakhi Sale
www.AsianFoodCentre.com
24TH AUG TO 10TH SEPT 2023
Fresh Fruits, Vegetables, Indian & Canadian Grocery
$11.99 MEERA WHOLE WHEAT ATTA
$21.99 20LB REG.$24.99 AASHIRVAAD WHOLE WHEAT ATTA
$12.99 QUALITY WHOLE WHEAT ATTA
$12.99 MEERA BESAN
$4.49 KHALSA PANEER
$13.99 SHER MULTIGRAIN ATTA
$4.99 ALMONDS
$7.99 POPULAR PARATHA
$3.29 POPULAR PARATHA
$1.79 CAVENDISH HASH BROWN
$1.99 THAKAR HOME STYLE ASST.
$3.79 REGAL JUICE
$4.99 TASTY BLACK CHANNA
$5.99 TASTY URAD WHOLE
$25.99 VERKA DESI GHEE
$1.99 RESHMA MEHNDI BLACK & BROWN
$5.99 APNA TASTE GULAB JAMUN
$2.79 ITALPASTA ASST. PASTA
$7.99 HALDIRAM TANDOORI NAAN
$10.99 WAGHBAKRI TEA
$6.99 TASTY FROZEN PEAS
$2.79 RUBICON JUICE
$3.79 PUNJABI COOKIES
$1.49 ASIAN CHANNA WITH MURI
$1.49 FROOTI
$2.49 POPULAR SAMOSA/SPRING ROLLS
$3.49 THAKAR MATAR KULCHA
$1.49 SANTOSH NAAN
$1.79 BRITANNIA TOASTEA SUJI RUSK
$1.49 AASHIRVAAD NAAN/PARATHA (EXCEPT PANEER)
$0.99 LAZZAT ASST. FALOODA
$7.99 SAVERA RASMALAI
$2.99 TAZA NAN KHATAE
$1.99 PACHARANGA MIX PICKLE
WE HAVE LARGE VARIETY OF RAKHI AVAILABLE
Variety of Indian Sweets Available
ETOBICOKE 10 Westmore Dr. 416-740-3262
MISSISSAUGA 1075 Ceremonial Dr 905-502-1600
BRAMPTON 621 Wanless Dr. 905-495-3336
BRAMPTON 2120 N Park Dr. 905-793-1338
BRAMPTON 80 Pertosa Dr. 905-460-0009
BRAMPTON 40 Airport RD & Lacoste Blvd. 905-794-8109
BRAMPTON 10510 Torbram Rd. 905-790-0030
BRAMPTON 10 Pannahill Dr. 905-913-8017
TOLL FREE 1-800-708-9232
We reserve the right to limit the quantity. Prices subject to change without notice, while supplies last. Product images are for illustration purpose only.